**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਮਿਸ. ਜੋਤੀ ਰਾਣੀ, ਐਡਵੋਕੇਟ,
ਸਰਕਾਰੀ ਸਟਾਫ ਕੁਆਟਰ ਨੰ:ਜੇ-6,
ਜੇ-ਬਲਾਕ ਟਾਈਪ-।।।,
ਸਿਵਲ ਸਟੇਸ਼ਨ ਬਠਿੰਡਾ-151001. -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਇੰਸਟੀਚਿਊਟ ਆਫ ਹੋਟਲ ਮੈਨੇਜਮੈਂਟ,
ਇੰਡਸਟਰੀਅਲ ਗਰੋਥ ਸੈਂਟਰ ,ਮਾਨਸਾ ਰੋਡ, ਬਠਿੰਡਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਇੰਸਟੀਚਿਊਟ ਆਫ ਹੋਟਲ ਮੈਨੇਜਮੈਂਟ,
ਇੰਡਸਟਰੀਅਲ ਗਰੋਥ ਸੈਂਟਰ, ਮਾਨਸਾ ਰੋਡ, ਬਠਿੰਡਾ। --------ਉੱਤਰਦਾਤਾ

**ਅਪੀਲ ਕੇਸ ਨੰ:1471 /2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਮਿਸ.ਰਾਜਨੀਤ ਕੋਹਲੀ, ਪ੍ਰਿੰਸੀਪਲ/ਸਕੱਤਰ (98153-02637)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 21-01-2019, ਲੋਕ ਸੂਚਨਾ ਅਧਿਕਾਰੀ ਦਫਤਰ ਇੰਸਟੀਚਿਊਟ ਆਫ ਹੋਟਲ ਮੈਨੇਜਮੈਂਟ, ਇੰਡਸਟਰੀਅਲ ਗਰੋਥ ਸੈਂਟਰ, ਬਠਿੰਡਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸਾਲ 2015-2017 ਦੌਰਾਨ ਇੰਸਟੀਚਿਊਟ ਆਫ ਹੋਟਲ ਮੈਨੇਜਮੈਂਟ, ਇੰਡਸਟਰੀਅਲ ਗਰੋਥ ਸੈਂਟਰ, ਬਠਿੰਡਾ ਵਿਖੇ ਟੂਰੀਜ਼ਮ ਵਿਭਾਗ ਪੰਜਾਬ ਰਾਹੀਂ ਭਰਤੀ ਕੀਤੇ ਗਏ ਕਰਮਚਾਰੀਆਂ ਨਾਲ ਸਬੰਧਤ 05 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 18-02-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 22-04-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 21-06-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 24-07-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਈ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਮਿਸ.ਰਾਜਨੀਤ ਕੋਹਲੀ, ਪ੍ਰਿੰਸੀਪਲ/ਸਕੱਤਰ ਨੇ ਕਿਹਾ ਕਿ ਅਪੀਲਕਰਤਾ ਨੂੰ ਸੂਚਨਾ ਪਹਿਲਾਂ ਹੀ ਭੇਜੀ ਜਾ ਚੁੱਕੀ ਹੈ।ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਪੱਤਰ ਨੰ: IHM/BTI/2019-20/587-589, ਮਿਤੀ 26-06-2019, ਜਿਸ ਦੀ ਇੱਕ ਕਾਪੀ ਅਪੀਲਕਰਤਾ ਨੂੰ ਵੀ ਭੇਜੀ ਹੋਈ ਹੈ, ਰਾਹੀਂ ਵੀ ਕਮਿਸ਼ਨ ਨੂੰ ਸੂਚਿਤ ਕੀਤਾ ਹੋਇਆ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖ਼ਸ਼ ਪਾਇਆ ਗਿਆ ਹੈ ਕਿਉਂਕਿ ਉਸ ਵੱਲੋਂ ਮੰਗੀ ਗਈ ਸੂਚਨਾ ਵਿੱਚ ਕੋਈ ਲੋਕ ਹਿੱਤ ਵੀ ਨਜ਼ਰ ਨਹੀਂ ਆਉਂਦਾ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 24 ਜੁਲਾਈ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਮਿਸ. ਜੋਤੀ ਰਾਣੀ, ਐਡਵੋਕੇਟ,
ਸਰਕਾਰੀ ਸਟਾਫ ਕੁਆਟਰ ਨੰ:ਜੇ-6,
ਜੇ-ਬਲਾਕ ਟਾਈਪ-।।।,
ਸਿਵਲ ਸਟੇਸ਼ਨ ਬਠਿੰਡਾ-151001. -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਇੰਸਟੀਚਿਊਟ ਆਫ ਹੋਟਲ ਮੈਨੇਜਮੈਂਟ,
ਇੰਡਸਟਰੀਅਲ ਗਰੋਥ ਸੈਂਟਰ ,ਮਾਨਸਾ ਰੋਡ, ਬਠਿੰਡਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਇੰਸਟੀਚਿਊਟ ਆਫ ਹੋਟਲ ਮੈਨੇਜਮੈਂਟ,
ਇੰਡਸਟਰੀਅਲ ਗਰੋਥ ਸੈਂਟਰ, ਮਾਨਸਾ ਰੋਡ, ਬਠਿੰਡਾ। --------ਉੱਤਰਦਾਤਾ

**ਅਪੀਲ ਕੇਸ ਨੰ:1472 /2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਮਿਸ.ਰਾਜਨੀਤ ਕੋਹਲੀ, ਪ੍ਰਿੰਸੀਪਲ/ਸਕੱਤਰ (98153-02637)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 21-01-2019, ਲੋਕ ਸੂਚਨਾ ਅਧਿਕਾਰੀ ਦਫਤਰ ਇੰਸਟੀਚਿਊਟ ਆਫ ਹੋਟਲ ਮੈਨੇਜਮੈਂਟ, ਇੰਡਸਟਰੀਅਲ ਗਰੋਥ ਸੈਂਟਰ, ਬਠਿੰਡਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸਾਲ 2017-2018 ਦੌਰਾਨ ਇੰਸਟੀਚਿਊਟ ਆਫ ਹੋਟਲ ਮੈਨੇਜਮੈਂਟ, ਇੰਡਸਟਰੀਅਲ ਗਰੋਥ ਸੈਂਟਰ, ਬਠਿੰਡਾ ਵਿਖੇ ਆਊਟ ਸੌਰਸ ਗ੍ਰੇਟਿਸ ਇੰਡੀਆ ਪ੍ਰਾਈਵੇਟ ਲਿਮਟਿਡ, ਏਜੰਸੀ, ਜ਼ੀਰਕਪੁਰ ਰਾਹੀਂ ਭਰਤੀ ਕੀਤੇ ਗਏ ਕਰਮਚਾਰੀਆਂ ਨਾਲ ਸਬੰਧਤ 06 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 17-02-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 22-04-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 21-06-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 24-07-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਈ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਮਿਸ.ਰਾਜਨੀਤ ਕੋਹਲੀ, ਪ੍ਰਿੰਸੀਪਲ/ਸਕੱਤਰ ਨੇ ਕਿਹਾ ਕਿ ਅਪੀਲਕਰਤਾ ਨੂੰ ਸੂਚਨਾ ਪਹਿਲਾਂ ਹੀ ਭੇਜੀ ਜਾ ਚੁੱਕੀ ਹੈ।ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਪੱਤਰ ਨੰ: IHM/BTI/2019-20/591-593, ਮਿਤੀ 28-06-2019, ਜਿਸ ਦੀ ਇੱਕ ਕਾਪੀ ਅਪੀਲਕਰਤਾ ਨੂੰ ਵੀ ਭੇਜੀ ਹੋਈ ਹੈ, ਰਾਹੀਂ ਵੀ ਕਮਿਸ਼ਨ ਨੂੰ ਸੂਚਿਤ ਕੀਤਾ ਹੋਇਆ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖ਼ਸ ਪਾਇਆ ਗਿਆ ਹੈ ਕਿਉਂਕਿ ਉਸ ਵੱਲੋਂ ਮੰਗੀ ਗਈ ਸੂਚਨਾ ਵਿੱਚ ਕੋਈ ਲੋਕ ਹਿੱਤ ਵੀ ਨਜ਼ਰ ਨਹੀਂ ਆਉਂਦਾ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 24 ਜੁਲਾਈ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਜਸਬੀਰ ਸਿੰਘ, (98882-96107)
ਪਿੰਡ ਭੋਲਾਪੁਰ ਝੱਬੇਵਾਲ,
ਡਾਕਖਾਨਾ ਰਾਮਗੜ੍ਹ,
ਜ਼ਿਲ੍ਹਾ ਲਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਮੰਡਲ ਮੈਜਿਸਟਰੇਟ,
ਅਨੰਦਪੁਰ ਸਾਹਿਬ,
ਜ਼ਿਲ੍ਹਾ ਰੂਪਨਗਰ।

ਪਹਿਲੀ ਅਪੀਲੀ ਅਥਾਰਟੀ-ਕਮ-
ਉਪ ਮੰਡਲ ਮੈਜਿਸਟਰੇਟ, ਅਨੰਦਪੁਰ ਸਾਹਿਬ,
ਜ਼ਿਲ੍ਹਾ ਰੂਪਨਗਰ। -----ਉੱਤਰਦਾਤਾ

**ਅਪੀਲ ਕੇਸ ਨੰ:1478/2019**

**ਹਾਜ਼ਰ:-**

1) ਸ੍ਰੀ ਜਸਬੀਰ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ੍ਰੀ ਜਸਬੀਰ ਸਿੰਘ, ਕਲਰਕ (94633-60344)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 19-12-2018 , ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ, ਅਨੰਦਪੁਰ ਸਾਹਿਬ, ਜ਼ਿਲ੍ਹਾ ਰੂਪਨਗਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਰ.ਟੀ.ਆਈ. ਐਕਟ ਦੀ ਧਾਰਾ 4 ਅਤੇ ਧਾਰਾ 4 ਦੀਆਂ ਉਪ ਧਾਰਾਵਾਂ (ਏ, ਬੀ, ਸੀ ਅਤੇ ਡੀ) ਦੀ ਪਾਲਣਾ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 22-01-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 23-04-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 21-06-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 24-07-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ੍ਰੀ ਜਸਬੀਰ ਸਿੰਘ, ਕਲਰਕ ਨੇ ਪੱਤਰ ਨੰ:17/ਆਰ.ਟੀ.ਆਈ., ਮਿਤੀ 23-07-2019, ਜਿਸ ਦੀ ਇੱਕ ਕਾਪੀ ਅਪੀਲਕਰਤਾ ਨੂੰ ਵੀ ਭੇਜੀ ਹੋਈ ਹੈ, ਪੇਸ਼ ਕਰਦੇ ਹੋਏ ਕਿਹਾ ਹੈ ਕਿ ਉਨ੍ਹਾਂ ਦੇ ਦਫ਼ਤਰ ਦੇ ਪੱਤਰ ਨੰ: 16/ਆਰ.ਟੀ.ਆਈ., ਮਿਤੀ 07-01-2019 ਰਾਹੀਂ ਅਪੀਲਕਰਤਾ ਨੂੰ ਸੂਚਨਾ ਪਹਿਲਾਂ ਹੀ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖ਼ਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 24 ਜੁਲਾਈ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਦੀਪਇੰਦਰ ਸਿੰਘ, ਐਡਵੋਕੇਟ, (94785-27107)
#ਬੀ-11 ਐਮ.ਸੀ. ਐਚ. 751/2 ਕਮਾਲਪੁਰ,ਜੰਲਧਰ ਰੋਡ,
ਸਾਹਮਣੇ ਹੀਰਾ ਲੈਬੋਰਟਰੀ ਇੰਨਸਾਈਡ ਰੁਪਿੰਦਰ ਗੇਟ,
ਹੁਸ਼ਿਆਰਪੁਰ-146001. -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਵਿਜੀਲੈਂਸ ਬਿਊਰੋ, ਜੰਲਧਰ।
!
ਪਹਿਲੀ ਅਪੀਲੀ ਅਥਾਰਟੀ,
ਦਫਤਰ ਵਿਜੀਲੈਂਸ ਬਿਓਰੋ, ਪੰਜਾਬ,
ਵਿਜੀਲੈਂਸ ਭਵਨ, ਸੈਕਟਰ-68, ਮੁਹਾਲੀ। --------ਉੱਤਰਦਾਤਾ

**ਅਪੀਲ ਕੇਸ ਨੰ:1528 /2019**

**ਹਾਜ਼ਰ:-**

1) ਸ਼੍ਰੀ ਦੀਪਇੰਦਰ ਸਿੰਘ, ਐਡਵੋਕੇਟ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਹਰਬੰਸ ਲਾਲ, ਇੰਸਪੈਕਟਰ (946567-64489) ਵੀ.ਬੀ. ਯੂਨਿਟ, ਹੁਸ਼ਿਆਰਪੁਰ ਅਤੇ ਸ਼੍ਰੀ ਰਾਜੇਸ਼ ਕੁਮਾਰ, ਸਬ-ਇੰਸਪੈਕਟਰ (98888-05958)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 17-01-2019, ਲੋਕ ਸੂਚਨਾ ਅਧਿਕਾਰੀ ਦਫਤਰ ਵਿਜੀਲੈਂਸ ਬਿਉਰੋ, ਜੰਲਧਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਗੀਤਿਕਾ ਸੂਦ ਨਾਲ ਸਬੰਧਤ ਐਫ.ਆਈ.ਆਰ. ਨੰ:1, ਮਿਤੀ 04-01-2018 ਬਾਰੇ 05 ਨੁਕਤਿਆਂ ਸਬੰਧੀ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 21-02-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 16-04-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 21-06-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 24-07-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵਾਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਹਰਬੰਸ ਲਾਲ, ਇੰਸਪੈਕਟਰ (946567-64489) ਵੀ.ਬੀ. ਯੂਨਿਟ, ਹੁਸ਼ਿਆਰਪੁਰ ਨੇ ਕਿਹਾ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਪਹਿਲਾਂ ਹੀ ਉਸ ਨੂੰ ਭੇਜੀ ਜਾ ਚੁੱਕੀ ਹੈ। ਇਸ ਬਾਰੇ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:32371/ਵਬ/ਐਸ-14, ਮਿਤੀ 05-07-2019, ਜਿਸ ਦਾ ਇੱਕ ਉਤਾਰਾ ਅਪੀਲਕਰਤਾ ਨੂੰ ਵੀ ਭੇਜਿਆ ਹੋਇਆ ਹੈ, ਰਾਹੀਂ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਗਿਆ ਹੈ ਕਿ ਲੋਕ ਸੂਚਨਾ ਅਧਿਕਾਰੀ-ਕਮ-ਸੀਨੀਅਰ ਕਪਤਾਨ, ਪੁਲਿਸ, ਵਿਜੀਲੈਂਸ ਬਿਊਰੋ, ਜਲੰਧਰ ਵੱਲੋਂ ਆਪਣੇ ਪੱਤਰ ਨੰ:964/ਵਰ/ਜ/ਐਸ.ਏ.-1, ਮਿਤੀ 05-02-2019 ਰਾਹੀਂ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ।ਸੂਚਨਾ ਦੀ ਇੱਕ ਕਾਪੀ ਅਪੀਲਕਰਤਾ ਨੂੰ ਪੇਸ਼ੀ ਦੌਰਾਨ ਦਸਤੀ ਵੀ ਦੇ ਦਿੱਤੀ ਗਈ ਹੈ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਗਲਤ ਸੂਚਨਾ ਦਿੱਤੀ ਗਈ ਹੈ ਅਤੇ ਉਹ ਪ੍ਰਾਪਤ ਸੂਚਨਾ ਤੋਂ ਸੰਤੁਸ਼ਟ ਨਹੀਂ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖ਼ਸ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 24 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸੁਭਾਸ਼ ਸ਼ਰਮਾ, (99153-53057)
ਮਕਾਨ ਨੰ:48 ਜ਼ਿਮੀਦਾਰਾ ਏਨਕਲੇਵ, ਭਬਾਤ ,
ਤਹਿਸੀਲ ਡੇਰਾਬੱਸੀ, ਜ਼ਿਲ੍ਹਾ ਮੁਹਾਲੀ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੁਪਰਡੰਟ, ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ,
ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਸਕੱਤਰ, ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ,
ਮੁਹਾਲੀ। -------ਉੱਤਰਦਾਤਾ

**ਅਪੀਲ ਕੇਸ ਨੰ:1583/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਗੁਰਮੀਤ ਸਿੰਘ, ਸੀਨੀਅਰ ਸਹਾਇਕ (98764-30942)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 05-02-2019, ਲੋਕ ਸੂਚਨਾ ਅਧਿਕਾਰੀ ਦਫਤਰ ਸੁਪਰਡੰਟ, ਅਧੀਨ ਸੇਵਾਵਾਂ ਚੋਣ ਬੋਰਡ, ਪੰਜਾਬ, ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ ਕੇਸ ਨੰ:13619 ਵਿੱਚ ਮਿਤੀ 28-08-2017 ਨੂੰ ਪਾਸ ਕੀਤੇ ਗਏ ਹੁਕਮਾਂ ਅਨੁਸਾਰ ਕੀਤੀ ਗਈ ਕਾਰਵਾਈ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 01-03-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 25-04-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 21-06-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 24-07-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਗੁਰਮੀਤ ਸਿੰਘ, ਸੀਨੀਅਰ ਸਹਾਇਕ, ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਾਉਣ ਜਾਂ ਨਾ ਕਰਾਉਣ ਬਾਰੇ ਕੋਈ ਤਸੱਲੀਬਖ਼ਸ਼ ਜਵਾਬ ਨਹੀਂ ਦੇ ਸਕਿਆ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ ਅਨੁਸਾਰ, ਸੂਚਨਾ ਦਾ ਅਧਿਕਾਰ ਐਕਟ, 2005, ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਅਪੀਲਕਰਤਾ ਨੂੰ ਮੁਹੱਈਆ ਕਰਵਾ ਕੇ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 20-08-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 24 ਜੁਲਾਈ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀਮਤੀ ਸੁਖਵੀਰ ਕੌਰ ਵਾਲੀਆ,
ਪਤਨੀ ਲੇਟ ਸ਼੍ਰੀ ਅਸ਼ੋਕ ਵਾਲੀਆ,
ਮਕਾਨ ਨੰ:126, ਗਲੀ ਨੰ:5,
ਨੌਰਥ ਅਸਟੇਟ, ਬਠਿੰਡਾ-151001. -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ), ਪੰਜਾਬ,
ਸਿੱਖਿਆ ਭਵਨ, ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ), ਪੰਜਾਬ,
ਸਿੱਖਿਆ ਭਵਨ, ਮੁਹਾਲੀ। ------ਉੱਤਰਦਾਤਾ

**ਅਪੀਲ ਕੇਸ ਨੰ: 1588/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਸ਼੍ਰੀ ਵਰੁਣ ਬਾਂਸਲ, ਐਡਵੋਕੇਟ (70091-42020)।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 22-10-2018, ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ), ਪੰਜਾਬ, ਸਿੱਖਿਆ ਭਵਨ, ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਬਤੌਰ ਪੰਜਾਬੀ ਲੈਕਚਰਾਰ ਆਪਣੀ ਐਡਜਸਟਮੈਂਟ ਬਾਰੇ ਐਸ.ਐਸ.ਡੀ. ਗਰਲਜ਼ ਕਾਲਿਜ, ਬਠਿੰਡਾ ਦੇ ਪੱਤਰ ਨੰ:ਐਸ.ਡੀ.ਜੀ./291/04-05, ਮਿਤੀ 11-11-2014 ਨਾਲ ਸਬੰਧਤ 05 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 21-01-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 26-04-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 21-06-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 24-07-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਉਨ੍ਹਾਂ ਵੱਲੋਂ ਈ.ਮੇਲ, ਮਿਤੀ 24-07-2019 ਰਾਹੀਂ ਭੇਜੇ ਗਏ ਪੱਤਰ ਨੰ:20/05-2019 ਗਰਾਂਟ-1(4), ਮਿਤੀ 24-07-2019 ਦੁਆਰਾ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਉਨ੍ਹਾਂ ਵੱਲੋਂ ਸਬੰਧਤ ਕਾਲਿਜ ਨਾਲ ਤਾਲ-ਮੇਲ ਕਰਕੇ ਜਵਾਬ ਤਿਆਰ ਕੀਤਾ ਜਾ ਰਿਹਾ ਹੈ, ਜਿਸ ਵਿੱਚ ਕੁਝ ਸਮਾਂ ਲੱਗ ਸਕਦਾ ਹੈ। ਇਸ ਉਨ੍ਹਾਂ ਵੱਲੋਂ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ।

3. ਅਪੀਲਕਰਤਾ ਵੱਲੋਂ ਹਾਜ਼ਰ ਸ਼੍ਰੀ ਵਰੁਣ ਬਾਂਸਲ, ਐਡਵੋਕੇਟ ਨੇ ਕਮਿਸ਼ਨ ਨੇ ਪੱਤਰ, ਮਿਤੀ 24-07-2019 ਪੇਸ਼ ਕਰਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਹੈ ਕਿ ਅਪੀਲਕਰਤਾ ਦੀ ਮ੍ਰਿਤੂ ਹੋ ਗਈ ਹੈ।ਇਸ ਕਰਕੇ ਅਪੀਲਕਰਤਾ ਦੇ ਨੁਮਾਇੰਦੇ ਨੇ ਅਪੀਲਕਰਤਾ ਦੇ ਪੁੱਤਰ ਸ਼੍ਰੀ ਬ੍ਰਿਜ ਮੋਹਨ ਸਿੰਘ ਦੀ ਤਰਫੋਂ ਇਹ ਕੇਸ ਚਲਦਾ ਰੱਖਣ ਲਈ ਬੇਨਤੀ ਕੀਤੀ ਹੈ। ਅਪੀਲਕਰਤਾ ਦੇ ਨੁਮਾਇੰਦੇ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਅਪੀਲਕਰਤਾ ਦੀ ਮ੍ਰਿਤੂ ਹੋ ਚੁੱਕੀ ਹੈ ਜਿਸ ਕਰਕੇ ਇਸ ਕੇਸ ਵਿੱਚ ਅਗਲੇਰੀ ਕਾਰਵਾਈ ਜਾਰੀ ਰੱਖਣਾ ਵਾਜਿਬ ਨਹੀਂ ਹੈ।ਇਸ ਲਈ ਅਪੀਲਕਰਤਾ ਦੇ ਨੁਮਾਇੰਦੇ ਦੀ ਬੇਨਤੀ ਰੱਦ ਕਰਦੇ ਹੋਏ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ

(ਨਿਧੜਕ ਸਿੰਘ ਬਰਾੜ)

**ਮਿਤੀ: ਚੰਡੀਗੜ੍ਹ, 24 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀਮਤੀ ਸੁਖਵੀਰ ਕੌਰ ਵਾਲੀਆ,
ਪਤਨੀ ਲੇਟ ਸ਼੍ਰੀ ਅਸ਼ੋਕ ਵਾਲੀਆ,
ਮਕਾਨ ਨੰ:126, ਗਲੀ ਨੰ:5,
ਨੌਰਥ ਅਸਟੇਟ, ਬਠਿੰਡਾ-151001. -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ), ਪੰਜਾਬ,
ਸਿੱਖਿਆ ਭਵਨ, ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ), ਪੰਜਾਬ,
ਸਿੱਖਿਆ ਭਵਨ, ਮੁਹਾਲੀ।

ਲੋਕ ਸੂਚਨਾ ਅਧਿਕਾਰੀ, (ਨਾਂ ਤੇ)
ਦਫਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ), ਪੰਜਾਬ,
ਸਿੱਖਿਆ ਭਵਨ, ਮੁਹਾਲੀ। ------ਉੱਤਰਦਾਤਾ

**ਅਪੀਲ ਕੇਸ ਨੰ: 491/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਸ਼੍ਰੀ ਵਰੁਣ ਬਾਂਸਲ, ਐਡਵੋਕੇਟ (70091-42020)।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 29-06-2018, ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ), ਪੰਜਾਬ, ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪੰਜਾਬ ਸਰਕਾਰ ਦੇ ਨੋਟੀਫਿਕੇਸ਼ਨ ਨੰ:6860, ਮਿਤੀ 24-03-99 ਜਿਸ ਰਾਹੀਂ ਐਫੀਲੀਏਟਿਡ ਕਾਲਿਜਾਂ ਦੇ ਸਹਾਇਤਾ ਪ੍ਰਾਪਤ ਅਧਿਆਪਕਾਂ ਨੂੰ ਸੋਧਿਆ ਹੋਇਆ ਸਕੇਲ ਦਿੱਤਾ ਗਿਆ ਸੀ, ਡੀ.ਪੀ.ਆਈ.(ਕ) ਦੇ ਪੱਤਰ, ਮਿਤੀ 24-3-95 ਅਤੇ ਪੰਜਾਬ ਸਰਕਾਰ ਦੇ ਪੱਤਰ, ਮਿਤੀ 03-06-2003 ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 24-08-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 24-01-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 13-02-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 18-03-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ ਪਰੰਤੂ ਬਾਅਦ ਵਿੱਚ ਇਸ ਕੇਸ ਦੀ ਸੁਣਵਾਈ ਮੁਲਤਵੀ ਕਰਕੇ ਇਹ ਕੇਸ ਮਿਤੀ 20-03-2019 ਨੂੰ ਸਵੇਰੇ 11:30 ਵਜੇ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਉਨ੍ਹਾਂ ਵੱਲੋਂ ਪੱਤਰ ਨੰ:20/04-2019 ਗਰਾਂਟ-1(4), ਮਿਤੀ 02-07-2019 ਕਮਿਸ਼ਨ ਨੂੰ ਪਹਿਲਾਂ ਹੀ ਸੂਚਿਤ ਕੀਤਾ ਹੋਇਆ ਹੈ ਕਿ ਅਪੀਲਕਰਤਾ ਵੱਲੋਂ ਆਪਣੇ ਪੱਤਰ ਨੰ:85(5)-2/4-99 ਗਰਾਂਟ-1(4), 12/15-93ਗ-1(4), ਮਿਤੀ 24-04-1995 ਅਤੇ ਪੱਤਰ ਨੰ:11/30-82 ਗਰਾਂਟ-2(4), ਮਿਤੀ 03-06-2003 ਦੀ ਕਾਪੀ ਦੀ ਮੰਗ ਕੀਤੀ ਗਈ ਹੈ ਜੋ ਕਿ ਲਗਭੱਗ ਕਾਫੀ ਪੁਰਾਣੀ ਹੈ ਅਤੇ ਇਹ ਪੱਤਰ ਦਫਤਰ ਦੇ ਰਿਕਾਰਡ ਵਿੱਚ ਨਹੀਂ ਹਨ।

3. ਅਪੀਲਕਰਤਾ ਵੱਲੋਂ ਹਾਜ਼ਰ ਸ਼੍ਰੀ ਵਰੁਣ ਬਾਂਸਲ, ਐਡਵੋਕੇਟ ਨੇ ਕਮਿਸ਼ਨ ਨੇ ਪੱਤਰ, ਮਿਤੀ 24-07-2019 ਪੇਸ਼ ਕਰਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਹੈ ਕਿ ਅਪੀਲਕਰਤਾ ਦੀ ਮ੍ਰਿਤੂ ਹੋ ਗਈ ਹੈ।ਇਸ ਕਰਕੇ ਅਪੀਲਕਰਤਾ ਦੇ ਨੁਮਾਇੰਦੇ ਨੇ ਅਪੀਲਕਰਤਾ ਦੇ ਪੁੱਤਰ ਸ਼੍ਰੀ ਬ੍ਰਿਜ ਮੋਹਨ ਸਿੰਘ ਦੀ ਤਰਫੋਂ ਇਹ ਕੇਸ ਚਲਦਾ ਰੱਖਣ ਲਈ ਬੇਨਤੀ ਕੀਤੀ ਹੈ। ਅਪੀਲਕਰਤਾ ਦੇ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**





ਨੁਮਾਇੰਦੇ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਅਪੀਲਕਰਤਾ ਦੀ ਮ੍ਰਿਤੂ ਹੋ ਚੁੱਕੀ ਹੈ ਜਿਸ ਕਰਕੇ ਇਸ ਕੇਸ ਵਿੱਚ ਅਗਲੇਰੀ ਕਾਰਵਾਈ ਜਾਰੀ ਰੱਖਣਾ ਵਾਜਿਬ ਨਹੀਂ ਹੈ।ਇਸ ਲਈ ਅਪੀਲਕਰਤਾ ਦੇ ਨੁਮਾਇੰਦੇ ਦੀ ਬੇਨਤੀ ਰੱਦ ਕੀਤੀ ਜਾਂਦੀ ਹੈ। ਕਮਿਸ਼ਨ ਤੇ ਹੁਕਮ, ਮਿਤੀ 03-06-2019 ਰਾਹੀਂ ਲੋਕ ਸੂਚਨਾ ਅਧਿਕਾਰੀ, (ਨਾਂ ਤੇ) ਦਫਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ), ਪੰਜਾਬ, ਸਿੱਖਿਆ ਭਵਨ, ਮੁਹਾਲੀ ਨੂੰ ਜਾਰੀ ਕੀਤਾ ਗਿਆ **ਕਾਰਨ-ਦੱਸੋ ਨੋਟਿਸ ਖਾਰਜ** ਕੀਤਾ ਜਾਂਦਾ ਹੈ ਅਤੇ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 24 ਜੁਲਾਈ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਉਜਾਗਰ ਸਿੰਘ, (98789-61815)
ਪੁੱਤਰ ਸ਼੍ਰੀ ਬੰਤ ਸਿੰਘ,
ਵਾਸੀ ਗਲੀ ਨੰ:1,
ਮਾਨ ਕਲੋਨੀ ਡਾਬਾ (ਲੁਧਿਆਣਾ)। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਦਫਤਰ ਰਜਿਸਟਰਾਰ,
ਮਨੁੱਖੀ ਅਧਿਕਾਰ ਕਮਿਸ਼ਨ, ਪੰਜਾਬ, ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਰਜਿਸਟਰਾਰ,
ਮਨੁੱਖੀ ਅਧਿਕਾਰ ਕਮਿਸ਼ਨ ਪੰਜਾਬ, ਚੰਡੀਗੜ੍ਹ। -------ਉੱਤਰਦਾਤਾ

**ਅਪੀਲ ਕੇਸ ਨੰ: 460/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹੁਕਮ:**

ਪਿਛਲੀ ਪੇਸ਼ੀ, ਮਿਤੀ 03-07-2019 ਤੇ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਉਸ ਵੱਲੋਂ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਸੀ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ।ਇਸ ਲਈ ਉਸ ਵੱਲੋਂ ਸੂਚਨਾ ਮੁਹੱਈਆ ਕਰਾਉਣ ਅਤੇ ਲੋਕ ਸੂਚਨਾ ਅਧਿਕਾਰੀ ਵਿਰੁੱਧ ਕਾਰਵਾਈ ਕਰਨ ਲਈ ਬੇਨਤੀ ਕੀਤੀ ਗਈ ਸੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਜ਼ਸਵੰਤ ਸਿੰਘ, ਸੁਪਰਡੰਟ ਨੇ ਪੱਤਰ ਨੰ:ਐਸ.ਆਈ.ਸੀ., ਏ.ਸੀ. ਨੰ:5460 ਆਫ 2019/ਪੀ.ਐਸ.ਐਚ.ਆਰ.ਸੀ./2019/ਜੇ-6/30502, ਮਿਤੀ 02-07-2019 ਰਾਹੀਂ ਆਪਣਾ ਜਵਾਬ ਪੇਸ਼ ਕਰਦੇ ਹੋਏ ਦੱਸਿਆ ਗਿਆ ਸੀ ਕਿ ਉਨ੍ਹਾਂ ਦੇ ਦਫ਼ਤਰ ਨਾਲ ਸਬੰਧਤ ਸੂਚਨਾ ਅਪੀਲਕਰਤਾ ਨੂੰ ਉਨ੍ਹਾਂ ਦੇ ਪੱਤਰ ਨੰ:ਆਰ.ਟੀ.ਆਈ.-279/2018/ ਪੀ.ਐਸ.ਐਚ.ਆਰ.ਸੀ./2018/ਜੇ-6/54439-40, ਮਿਤੀ 06-12-2018 ਰਾਹੀਂ ਮਹੱਈਆ ਕਰਵਾਈ ਜਾ ਚੁੱਕੀ ਹੈ ਅਤੇ ਅਪੀਲਕਰਤਾ ਵੱਲੋਂ ਮੰਗੀ ਸੂਚਨਾ ਦੇ ਨੁਕਤਾ ਨੰ:1 ਤੋਂ 4 ਦਾ ਸਬੰਧ ਪੁਲਿਸ ਵਿਭਾਗ ਨਾਲ ਹੋਣ ਕਾਰਨ ਅਪੀਲਕਰਤਾ ਦਾ ਬਿਨੈ-ਪੱਤਰ ਲੋਕ ਸੂਚਨਾ ਅਧਿਕਾਰੀ ਦਫ਼ਤਰ ਕਮਿਸ਼ਨਰ ਆਫ ਪੁਲਿਸ, ਲੁਧਿਆਣਾ ਨੂੰ ਆਰ.ਟੀ.ਆਈ. ਐਕਟ, 2005, ਦੀ ਧਾਰਾ 6(3) ਤਹਿਤ ਤਬਦੀਲ ਕੀਤਾ ਜਾ ਚੁੱਕਾ ਹੈ ਜਿਸ ਬਾਰੇ ਸੂਚਨਾ ਉਨ੍ਹਾਂ ਵੱਲੋਂ ਮੁਹੱਈਆ ਕਰਵਾਈ ਜਾਣੀ ਹੈ। ਇਸ ਕਰਕੇ ਲੋਕ ਸੂਚਨਾ ਅਧਿਕਾਰੀ, ਦਫਤਰ ਰਜਿਸਟਰਾਰ, ਮਨੁੱਖੀ ਅਧਿਕਾਰ ਕਮਿਸ਼ਨ, ਪੰਜਾਬ, ਚੰਡੀਗੜ੍ਹ ਨੂੰ ਪੇਸ਼ੀ ਤੇ ਹਾਜ਼ਰ ਹੋਣ ਤੋਂ ਛੋਟ ਦਿੰਦੇ ਹੋਏ ਲੋਕ ਸੂਚਨਾ ਅਧਿਕਾਰੀ ਦਫ਼ਤਰ ਕਮਿਸ਼ਨਰ ਆਫ ਪੁਲਿਸ, ਲੁਧਿਆਣਾ ਨੂੰ ਹਦਾਇਤ ਕੀਤੀ ਗਈ ਸੀ ਕਿ ਬਾਕੀ ਰਹਿੰਦੀ ਨੁਕਤਾ ਨੰ:1 ਤੋਂ 4 ਬਾਰੇ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ ਅਪੀਲਕਰਤਾ ਨੂੰ ਮੁਹੱਈਆ ਕਰਵਾ ਕੇ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 24-07-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ ਕੀਤਾ ਗਿਆ ਸੀ।

2. ਅੱਜ ਫਿਰ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਮਿਤੀ 23-07-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਵੱਲੋਂ ਪੇਸ਼ੀ ਲਈ ਅਗਲੀ ਮਿਤੀ ਲਈ ਬੇਨਤੀ ਕੀਤੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦਫ਼ਤਰ ਕਮਿਸ਼ਨਰ ਆਫ ਪੁਲਿਸ, ਲੁਧਿਆਣਾ ਵੱਲੋਂ ਵੀ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ ਜਿਸ ਦਾ ਕਮਿਸ਼ਨ ਨੇ ਗੰਭੀਰ ਨੋਟਿਸ ਲਿਆ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦਫ਼ਤਰ ਕਮਿਸ਼ਨਰ ਆਫ ਪੁਲਿਸ, ਲੁਧਿਆਣਾ ਨੂੰ ਮੁੜ ਸਖਤ ਹਦਾਇਤ ਕੀਤੀ ਜਾਂਦੀ ਹੈ ਕਿ ਬਾਕੀ ਰਹਿੰਦੀ ਨੁਕਤਾ ਨੰ:1 ਤੋਂ 4 ਬਾਰੇ ਸੂਚਨਾ ਪੇਸ਼ੀ ਦੀ

ਪਰਤੋ ਜੀ-----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:** 460/2019

ਅਗਲੀ ਮਿਤੀ ਤੋਂ ਪਹਿਲਾਂ -ਪਹਿਲਾਂ ਅਪੀਲਕਰਤਾ ਨੂੰ ਮੁਹੱਈਆ ਕਰਵਾ ਕੇ ਅਗਲੀ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਅੱਜ ਪੇਸ਼ੀ ਤੇ ਹਾਜਰ਼ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 20-08-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 24 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਕਾਪੀ:-**

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਕਮਿਸ਼ਨਰ ਆਫ ਪੁਲਿਸ,
ਲੁਧਿਆਣਾ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਤੇਜਿੰਦਰ ਸਿੰਘ, (99410-04313)
ਵਾਸੀ ਭੋਲਾਪੁਰ, ਡਾਕਖਾਨਾ ਰਾਮਗੜ੍ਹ,
ਚੰਡੀਗੜ੍ਹਰੋਡ, ਲੁਧਿਆਣਾ-141123. ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸਬ ਰਜਿਸਟਰਾਰ (ਪੱਛਮੀ),
ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਉਪ ਮੰਡਲ ਮੈਜਿਸਟਰੇਟ (ਪੱਛਮੀ),
ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ:2713/2019**

**ਹਾਜ਼ਰ:-**

1) ਸ਼੍ਰੀ ਤੇਜਿੰਦਰ ਸਿੰਘ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹੁਕਮ:**

ਅੱਜ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਫਿਰ ਕਿਹਾ ਹੈ ਕਿ ਕਮਿਸ਼ਨ ਦੇ ਹੁਕਮ, ਮਿਤੀ 04-04-2018 ਅਨੁਸਾਰ ਉਸ ਨੂੰ ਅਜੇ ਤੱਕ ਮੁਆਵਜ਼ੇ ਵਜੋਂ 5000/-ਰੁਪਏ (ਕੇਵਲ ਪੰਜ ਹਜ਼ਾਰ ਰੁਪਏ) ਦੀ ਰਕਮ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਵੀ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ ਜਿਸ ਦਾ ਕਮਿਸ਼ਨ ਨੇ ਗੰਭੀਰ ਨੋਟਿਸ ਲਿਆ ਹੈ। ਇਸ ਲਈ ਉੱਤਰਦਾਤਾ, ਸ਼੍ਰੀ ਕੰਵਰ ਨਰਿੰਦਰ ਸਿੰਘ, ਸਬ-ਰਜਿਸਟਰਾਰ (ਪੱਛਮੀ)-ਕਮ-ਲੋਕ ਸੂਚਨਾ ਅਧਿਕਾਰੀ ਨੂੰ ਇੱਕ ਹੋਰ ਮੌਕਾ ਦਿੰਦੇ ਹੋਏ ਹਦਾਇਤ ਕੀਤੀ ਜਾਂਦੀ ਹੈ ਕਿ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਅਪੀਲਕਰਤਾ ਨੂੰ ਮੁਆਵਜ਼ੇ ਵਜੋਂ 5000/-ਰੁਪਏ ਦੀ ਰਕਮ ਅਦਾਇਗੀ ਸਬੰਧੀ ਸਥਿਤੀ ਸਪੱਸ਼ਟ ਕੀਤੀ ਜਾਵੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਸੂਚਨਾ ਦਾ ਅਧਿਕਾਰ ਐਕਟ, 2005 ਤਹਿਤ ਬਣਦੀ ਇਕਤਰਫਾ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 19-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 24 ਜੁਲਾਈ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਸਬੀਰ ਸਿੰਘ, (98882-96107)
ਪਿੰਡ ਭੋਲਾਪੁਰ ਝੱਬੇਵਾਲ,
ਡਾਕਖਾਨਾ ਰਾਮਗੜ੍ਹ,
ਜ਼ਿਲ੍ਹਾ ਲੁਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਮੰਡਲ ਮੈਜਿਸਟਰੇਟ, ਚਮਕੌਰ ਸਾਹਿਬ,
ਜ਼ਿਲ੍ਹਾ ਰੂਪਨਗਰ।

ਪਹਿਲੀ ਅਪੀਲੀ ਅਥਾਰਟੀ-ਕਮ-
ਡਿਪਟੀ ਕਮਿਸ਼ਨਰ, ਰੂਪਨਗਰ। -----ਉੱਤਰਦਾਤਾ

**ਅਪੀਲ ਕੇਸ ਨੰ: 1545/2019**

**ਹਾਜ਼ਰ:-**

1) ਸ਼੍ਰੀ ਜਸਬੀਰ ਸਿੰਘ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਸ਼੍ਰੀ ਮਨਕੰਵਲ ਸਿੰਘ ਚਾਹਲ, ਪੀ.ਸੀ.ਐਸ., ਉਪ ਮੰਡਲ ਮੈਜਿਸਟਰੇਟ-ਕਮ-ਪਹਿਲੀ ਅਪੀਲੀ ਅਥਾਰਟੀ, ਸ੍ਰੀ ਚਮਕੌਰ ਸਾਹਿਬ (97799-44021) ਅਤੇ ਸ਼੍ਰੀ ਅਮਰੀਕ ਸਿੰਘ, ਸੁਪਰਡੰਟ-ਕਮ- ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ, ਸ੍ਰੀ ਚਮਕੌਰ ਸਾਹਿਬ (ਹੁਣ ਅਨੰਦਪੁਰ ਸਾਹਿਬ), ਜ਼ਿਲ੍ਹਾ ਰੂਪਨਗਰ।

**ਹੁਕਮ:**

ਅੱਜ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ, ਸ਼੍ਰੀ ਮਨਕੰਵਲ ਸਿੰਘ ਚਾਹਲ, ਪੀ.ਸੀ.ਐਸ., ਉਪ ਮੰਡਲ ਮੈਜਿਸਟਰੇਟ-ਕਮ-ਪਹਿਲੀ ਅਪੀਲੀ ਅਥਾਰਟੀ ਨੇ ਕਮਿਸ਼ਨ ਦੇ ਹੁਕਮ, ਮਿਤੀ 10-07-2019 ਦੇ ਸਬੰਧ ਵਿੱਚ ਆਪਣੇ ਪੱਤਰ ਨੰ:320/ਸਟੈਨੋ, ਮਿਤੀ 24-07-2019 ਰਾਹੀਂ ਸਪੱਸ਼ਟੀਕਰਨ ਪੇਸ਼ ਕੀਤਾ ਹੈ ਜੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਪੱਤਰ ਰਾਹੀਂ ਹਾਜ਼ਰ ਉੱਤਰਦਾਤਾ ਵੱਲੋ ਸਪੱਸ਼ਟ ਕੀਤਾ ਗਿਆ ਹੈ ਕਿ ਅਪੀਲਕਰਤਾ ਵਿਰੁੱਧ ਵਿਭਾਗਾਂ ਦੇ ਅਧਿਕਾਰੀਆਂ/ਕਰਮਚਾਰੀਆਂ ਨੂੰ ਬਲੈਕਮੇਲ ਕਰਨ ਸਬੰਧੀ ਰਿਕਾਰਡ ਕੀਤੇ ਗਏ ਕਥਨ ਲੋਕ ਸੂਚਨਾ ਅਧਿਕਾਰੀ ਵੱਲੋਂ ਪਹਿਲੀ ਅਪੀਲ ਦੀ ਸੁਣਵਾਈ ਸਮੇਂ ਦਿੱਤੇ ਗਏ ਬਿਆਨ ਦੇ ਅਧਾਰ ਤੇ ਰਿਕਾਰਡ ਕੀਤੇ ਗਏ ਸਨ ਪਰੰਤੂ ਉਨ੍ਹਾਂ ਵੱਲੋਂ ਉਸ ਦੇ ਬਿਆਨ ਦੇ ਅਧਾਰ ਤੇ ਅਪੀਲਕਰਤਾ ਵਿਰੁੱਧ ਕੋਈ ਹੁਕਮ ਪਾਸ ਨਹੀਂ ਕੀਤਾ ਗਿਆ। ਉਨ੍ਹਾਂ ਵੱਲੋਂ ਇਹ ਵੀ ਕਿਹਾ ਗਿਆ ਹੈ ਕਿ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਇਸ ਲਈ ਇਸ ਕੇਸ ਨੂੰ ਦਾਖਲ ਦਫ਼ਤਰ ਕਰਨ ਦੀ ਕਿਰਪਾਲਤਾ ਕੀਤੀ ਜਾਵੇ।

2. ਸ਼੍ਰੀ ਜਸਬੀਰ ਸਿੰਘ, ਅਪੀਲਕਰਤਾ ਅਤੇ ਸ਼੍ਰੀ ਅਮਰੀਕ ਸਿੰਘ, ਸੁਪਰਡੰਟ-ਕਮ-ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ, ਸ੍ਰੀ ਚਮਕੌਰ ਸਾਹਿਬ (ਹੁਣ ਅਨੰਦਪੁਰ ਸਾਹਿਬ), ਜ਼ਿਲ੍ਹਾ ਰੂਪਨਗਰ ਵੱਲੋਂ ਆਪਣਾ ਸਾਂਝਾ ਰਾਜ਼ੀਨਾਮਾ, ਮਿਤੀ 24-07-2019 ਪੇਸ਼ ਕੀਤਾ ਗਿਆ ਹੈ ਜ਼ੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਰਾਜ਼ੀਨਾਮੇ ਰਾਹੀਂ ਸ਼੍ਰੀ ਅਮਰੀਕ ਸਿੰਘ, ਸੁਪਰਡੰਟ-ਕਮ-ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ, ਸ੍ਰੀ ਚਮਕੌਰ ਸਾਹਿਬ (ਹੁਣ ਅਨੰਦਪੁਰ ਸਾਹਿਬ), ਵੱਲੋਂ ਬਿਆਨ ਕੀਤਾ ਗਿਆ ਹੈ ਕਿ ਇਸ ਕੇਸ ਦੀ ਪਹਿਲੀ ਅਪੀਲ ਦੀ ਮਿਤੀ 28-02-2019 ਨੂੰ ਹੋਈ ਸੁਣਵਾਈ ਸਮੇਂ ਅਪੀਲਕਰਤਾ ਸ਼੍ਰੀ ਜਸਬੀਰ ਸਿੰਘ ਬਾਰੇ ਬਲੈਕ ਮੇਲ ਕਰਨ ਸਬੰਧੀ ਜੋ ਬਿਆਨ ਰਿਕਾਰਡ ਕੀਤਾ ਗਿਆ ਸੀ ਉਹ ਬੇ-ਧਿਆਨੀ ਵਿੱਚ ਕੀਤਾ ਗਿਆ ਸੀ ਕਿਉਂ ਕਿ ਉਸ ਸਮੇਂ ਦੌਰਾਨ ਉਸ ਦੇ ਪਿਤਾ ਜੀ ਸਵਰਗਵਾਸ ਹੋਏ ਸਨ। ਉਨ੍ਹਾਂ ਨੇ ਇਹ ਵੀ ਕਿਹਾ ਹੈ ਕਿ ਉਹ ਪਹਿਲਾਂ ਸ਼੍ਰੀ ਜਸਬੀਰ ਸਿੰਘ ਨੂੰ ਕਦੇ ਨਹੀਂ ਮਿਲੇ ਅਤੇ ਨਾ ਹੀ ਉਸ ਬਾਰੇ ਕਦੇ ਵੀ ਅਜਿਹਾ ਸੁਣਿਆ ਹੈ। ਇਸ ਲਈ ਸ਼੍ਰੀ ਅਮਰੀਕ ਸਿੰਘ ਵੱਲੋਂ ਕਿਹਾ ਗਿਆ ਹੈ ਕਿ ਮੇਰੇ ਇਸ ਅਣਜਾਣੇ ਵਿੱਚ ਦਿੱਤੇ ਗਏ ਬਿਆਨ ਕਾਰਨ ਜੇਕਰ ਸ਼੍ਰੀ ਜਸਬੀਰ

ਪਰਤੋਂ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



ਸਿੰਘ ਦੇ ਵੱਕਾਰ ਨੂੰ ਕੋਈ ਧੱਕਾ ਲੱਗਾ ਹੈ ਤਾਂ ਉਹ ਉਸ ਲਈ ਮੁਆਫੀ ਮੰਗਦੇ ਹਨ। ਅਪੀਲਕਰਤਾ, ਸ਼੍ਰੀ ਜਸਬੀਰ ਸਿੰਘ ਨੇ ਸ਼੍ਰੀ ਅਮਰੀਕ ਸਿੰਘ ਦੇ ਬਿਆਨ ਨਾਲ ਸਹਿਮਤੀ ਪ੍ਰਗਟਾਉਂਦੇ ਹੋਏ ਕਿਹਾ ਹੈ ਕਿ ਉਹ ਇਸ ਮਾਮਲੇ ਵਿੱਚ ਹੋਰ ਕੋਈ ਕਾਰਵਾਈ ਨਹੀਂ ਕਰਨਾ ਚਾਹੁੰਦੇ। ਇਸ ਤੋਂ ਇਲਾਵਾ ਉਹ ਕਿਤੇ ਵੀ ਸ਼੍ਰੀ ਅਮਰੀਕ ਸਿੰਘ ਦੇ ਖਿਲਾਫ ਭਵਿੱਖ ਵਿੱਚ ਇਸ ਮਾਮਲੇ ਸਬੰਧੀ ਕੋਈ ਕਾਰਵਾਈ ਨਹੀਂ ਕਰਨਗੇ। ਉਸ ਨੇ ਕਿਹਾ ਹੈ ਕਿ ਉਸ ਦੇ ਮੰਨ ਨੂੰ ਬਹੁਤ ਠੇਸ ਲੱਗੀ ਸੀ ਅਤੇ ਸ਼੍ਰੀ ਅਮਰੀਕ ਸਿੰਘ ਦੇ ਮੁਆਫੀ ਮੰਗਣ ਨਾਲ ਉਸ ਨੂੰ ਸੰਤੁਸ਼ਟੀ ਮਿਲ ਗਈ ਹੈ।

3. ਉਪਰੋਕਤ ਦਰਸਸਾਈ ਗਈ ਸਥਿਤੀ ਦੇ ਸਨਮੁੱਖ ਇਸ ਕੇਸ ਵਿੱਚ ਹੁਣ ਹੋਰ ਕਿਸੇ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ,** 24 **ਜੁਲਾਈ,** 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਕਾਪੀ:-**

ਸ਼੍ਰੀ ਮਨਕੰਵਲ ਸਿੰਘ ਚਾਹਲ, ਪੀ.ਸੀ.ਐਸ.,
ਉਪ ਮੰਡਲ ਮੈਜਿਸਟਰੇਟ-ਕਮ-
ਪਹਿਲੀ ਅਪੀਲੀ ਅਥਾਰਟੀ (ਆਰ.ਟੀ.ਆਈ.),
ਸ਼੍ਰੀ ਚਮਕੌਰ ਸਾਹਿਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਜਿੰਦਰ ਸਿੰਘ, (94174-67632)
ਮਕਾਨ ਨੰ:ਈ-13/280, ਅਮਨ ਨਗਰ,
ਨੇੜੇ ਗਰੀਨ ਲੈਂਡ ਸਕੂਲ, ਜੰਲਧਰ ਬਾਈ ਪਾਸ,
ਲੁਧਿਆਣਾ-141008. -------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ।

(ਰਜਿਸਟਰਡ) ਸ਼੍ਰੀ ਪ੍ਰਦੀਪ ਸਿੰਘ ਬੈਂਸ,
ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ। ------ਉੱਤਰਦਾਤਾ

**ਸ਼ਿਕਾਇਤ ਕੇਸ ਨੰ: 123/2019**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਸ਼੍ਰੀ ਇੰਦਰਪਾਲ ਸਿੰਘ (97803-08050)।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 13-10-2018, ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਪਣੀ ਦਰਖਾਸਤ, ਸਪੀਡ ਪੋਸਟ ਨੰ:ਈ.ਪੀ.436695535-ਆਈ.ਐਨ., ਮਿਤੀ 22-08-2017 ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 29-01-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 21-02-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 25-03-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 09-07-2019 ਤੇ ਸ਼ਿਕਾਇਤਕਰਤਾ ਵੱਲੋਂ ਹਾਜ਼ਰ ਨੁਮਾਇੰਦੇ, ਸ਼੍ਰੀ ਇੰਦਰਪਾਲ ਸਿੰਘ ਨੇ ਕਿਹਾ ਸੀ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਲਗਾਤਾਰ ਦੋ ਪੇਸ਼ੀਆਂ ਤੇ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਸ਼ਿਕਾਇਤਕਰਤਾ ਨੂੰ ਮੁਹੱਈਆ ਕਰਵਾਈ ਜਾਵੇ ਅਤੇ ਅਗਲੀ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਲਗਾਤਾਰ ਦੋ ਪੇਸ਼ੀਆਂ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਪੇਸ਼ ਕਰਨਾ ਵੀ ਯਕੀਨੀ ਬਣਾਇਆ ਜਾਵੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਇਕਤਰਫਾ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ।ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 24-07-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਫਿਰ ਪੇਸ਼ੀ ਤੇ ਸ਼ਿਕਾਇਤਕਰਤਾ ਵੱਲੋਂ ਹਾਜ਼ਰ ਨੁਮਾਇੰਦੇ, ਸ਼੍ਰੀ ਇੰਦਰਪਾਲ ਸਿੰਘ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ ਜਿਸ ਕਾਰਨ ਉਸ ਨੂੰ ਮਾਨਸਿਕ ਤੇ ਆਰਥਿਕ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਲਗਾਤਾਰ ਤਿੰਨ ਪੇਸ਼ੀਆਂ ਤੇ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਤੋਂ ਇਲਾਵਾ ਲੋਕ ਸੂਚਨਾ ਅਧਿਕਾਰੀ ਵੱਲੋਂ ਅਪੀਲਕਰਤਾ ਦੀ ਆਰ.ਟੀ.ਆਈ., ਮਿਤੀ 13-10-2018 ਸਬੰਧੀ 09 ਮਹੀਨੇ ਤੋਂ ਵੀ ਵੱਧ ਸਮਾਂ ਬੀਤ ਜਾਣ ਦੇ ਬਾਵਜੂਦ ਵੀ ਅਜੇ ਤੱਕ ਉਸ ਨੂੰ ਸੂਚਨਾ ਨਹੀਂ ਭੇਜੀ ਗਈ ਜਦੋਂ ਕਿ ਆਰ.ਟੀ.ਆਈ. ਐਕਟ, 2005 ਦੇ ਉਪਬੰਧਾਂ ਮੁਤਾਬਿਕ ਅਪੀਲਕਰਤਾ ਨੂੰ 30 ਦਿਨਾਂ ਦੇ ਅੰਦਰ-ਅੰਦਰ ਸੂਚਨਾ ਮੁਹੱਈਆ ਕਰਾਉਣੀ ਬਣਦੀ ਸੀ। ਇਸ ਤੋਂ ਜ਼ਾਹਿਰ ਹੈ ਕਿ ਉੱਤਰਦਾਤਾ ਸੂਚਨਾ ਦਾ ਅਧਿਕਾਰ ਐਕਟ, 2005 ਨਾਲ ਸਬੰਧਤ ਮਾਮਲਿਆਂ ਨੂੰ ਨਿਪਟਾਉਣ ਵੱਲ ਕੋਈ ਵਿਸ਼ੇਸ਼ ਧਿਆਨ ਨਹੀਂ ਦੇ ਰਹੇ, ਜਿਸ ਦਾ ਕਮਿਸ਼ਨ ਵੱਲੋਂ ਗੰਭੀਰ ਨੋਟਿਸ ਲਿਆ ਗਿਆ ਹੈ।

4. ਉਪਰੋਕਤ ਦਰਸਾਈ ਗਈ ਸਥਿਤੀ ਦੇ ਸਨਮੁੱਖ ਉੱਤਰਦਾਤਾ, ਸ਼੍ਰੀ ਪ੍ਰਦੀਪ ਸਿੰਘ ਬੈਂਸ,ਲੋਕ ਸੂਚਨਾ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



ਸ਼ਿਕਾਇਤ ਕੇਸ ਨੰ: 123/2019

ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ ਨੂੰ ਸੂਚਨਾ ਦਾ ਅਧਿਕਾਰ ਐਕਟ, 2005 ਦੇ ਭਾਗ 20 (1) ਤਹਿਤ ਕਾਰਨ-ਦੱਸੋ ਨੋਟਿਸ ਜਾਰੀ ਕੀਤਾ ਜਾਂਦਾ ਹੈ ਕਿ ਉਹ ਹਲਫੀਆ-ਬਿਆਨ ਰਾਹੀਂ ਕਾਰਨ ਸਪੱਸ਼ਟ ਕਰਨ ਕਿ ਕਿਉਂ ਨਾ ਉਨ੍ਹਾਂ ਨੂੰ ਅਪੀਲਕਰਤਾ ਵੱਲੋਂ ਬਿਨੈ-ਪੱਤਰ ਪੇਸ਼ ਕਰਨ ਦੀ ਮਿਤੀ ਤੋਂ ਅਪੀਲਕਰਤਾ ਨੂੰ ਲੋੜੀਂਦੀ ਸੂਚਨਾ ਮੁਹੱਈਆ ਕਰਨ ਦੀ ਮਿਤੀ ਤੱਕ 250/-ਰੁਪਏ ਪ੍ਰਤੀ ਦਿਨ ਦੇ ਹਿਸਾਬ ਨਾਲ ਪਰ ਵੱਧ ਤੋਂ ਵੱਧ 25,000/-ਰੁਪਏ ਤੱਕ ਜੁਰਮਾਨੇ ਦੀ ਸਜ਼ਾ ਦਿੱਤੀ ਜਾਵੇ। ਉਕਤ ਤਜਵੀਜ਼ਤ ਸਜ਼ਾ ਦੇਣ ਤੋਂ ਪਹਿਲਾਂ ਸੂਚਨਾ ਦਾ ਅਧਿਕਾਰ ਐਕਟ, 2005 ਦੇ ਭਾਗ 20 (1) ਦੇ ਹੇਠਾਂ ਦਿੱਤੇ ਗਏ ਪ੍ਰੋਵੀਜ਼ੋ ਤਹਿਤ ਸਬੰਧਤ ਅਧਿਕਾਰੀ ਨੂੰ ਆਪਣਾ ਜਵਾਬ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਇਹ ਵੀ ਸਪੱਸ਼ਟ ਕੀਤਾ ਜਾਂਦਾ ਹੈ ਕਿ ਜੇਕਰ ਉਹ ਨਿਸ਼ਚਿਤ ਮਿਤੀ ਤੋਂ ਪਹਿਲਾਂ ਜਾਂ ਨਿਸ਼ਚਿਤ ਮਿਤੀ ਤੇ ਹਾਜ਼ਰ ਹੋ ਕੇ ਆਪਣਾ ਲਿਖਤੀ ਜਵਾਬ ਪੇਸ਼ ਨਹੀਂ ਕਰਦੇ ਤਾਂ ਇਹ ਸਮਝ ਲਿਆ ਜਾਵੇਗਾ ਕਿ ਉਹ ਆਪਣੇ ਪੱਖ ਵਿੱਚ ਕੁੱਝ ਵੀ ਨਹੀਂ ਕਹਿਣਾ ਚਾਹੁੰਦੇ ਅਤੇ ਐਕਟ ਦੇ ਉਪਬੰਧਾਂ ਤਹਿਤ ਉਨ੍ਹਾਂ ਵਿਰੁੱਧ ਬਣਦੀ ਅਗਲੇਰੀ ਇਕਤਰਫਾ ਕਾਰਵਾਈ ਕੀਤੀ ਜਾਵੇਗੀ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 20-08-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ:** **ਚੰਡੀਗੜ੍ਹ**, 24 **ਜੁਲਾਈ**, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀਮਤੀ ਸੁਖਜੀਤ ਕੌਰ,
# 3351/1, ਸੈਕਟਰ 45-ਡੀ, ਚੰਡੀਗੜ੍ਹ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਦਫਤਰ ਪੰਜਾਬ ਸਮਾਲ ਇੰਡਸਟਰੀਜ਼ ਐਂਡ
ਐਕਸਪੋਰਟ ਕਾਰਪੋਰੇਸ਼ਨ, ਲਿਮਟਿਡ,
ਸੈਕਟਰ-17 ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਮੈਨੇਜਿੰਗ ਡਾਇਰੈਕਟਰ,
ਪੰਜਾਬ ਸਮਾਲ ਇੰਡਸਟਰੀਜ਼ ਐਂਡ
ਐਕਸਪੋਰਟ ਕਾਰਪੋਰੇਸ਼ਨ, ਲਿਮਟਿਡ,
ਸੈਕਟਰ-17 ਚੰਡੀਗੜ੍ਹ। ---------ਉੱਤਰਦਾਤਾ

ਅਪੀਲ ਕੇਸ ਨੰ:2301 /2019

**ਹਾਜ਼ਰ:-**

1) ਸ਼੍ਰੀਮਤੀ ਸੁਖਜੀਤ ਕੌਰ, ਅਪੀਲਕਰਤਾ ।
2) ਉੱਤਰਦਾਤਾ ਵੱਲੋਂ ਸ਼੍ਰੀ ਜ਼ਸਵੰਤ ਸਿੰਘ, ਸੀਨੀਅਰ ਐਗਜ਼ੈਕਟਿਵ (98726-15390)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 07-05-2018, ਲੋਕ ਸੂਚਨਾ ਅਧਿਕਾਰੀ ਦਫਤਰ ਪੰਜਾਬ ਸਮਾਲ ਇੰਡਸਟਰੀਜ਼ ਐਂਡ ਐਕਸਪੋਰਟ ਕਾਰਪੋਰੇਸ਼ਨ, ਲਿਮਟਿਡ, ਸੈਕਟਰ-17 ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਇੰਡਸਟਰੀ ਪਾਲਿਸੀ 2004 ਅਤੇ 2019 ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 12-06-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 03-07-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 08-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 17-07-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਜ਼ਸਵੰਤ ਸਿੰਘ, ਸੀਨੀਅਰ ਐਗਜ਼ੈਕਟਿਵ ਨੇ ਪੱਤਰ ਨੰ:ਪਲਉਨਿਨਿ/ਏ.ਪੀ.ਆਈ.ਓ./ਅਪੀਲ ਕੇਸ/16035, ਮਿਤੀ 23-07-2019 ਜੋ ਕਿ ਅਪੀਲਕਰਤਾ ਨੂੰ ਸੰਬੋਧਿਤ ਹੈ ਪੇਸ਼ ਕਰਦੇ ਹੋਏ ਕਿਹਾ ਕਿ ਅਪੀਲਕਰਤਾ ਨੂੰ ਸੋਧੀ ਹੋਈ ਸੂਚਨਾ ਦਿੱਤੀ ਜਾ ਚੁੱਕੀ ਹੈ।ਇਸ ਲਈ ਉਸ ਵੱਲੋਂ ਅਪੀਲ ਕੇਸ ਦਾਖਲ ਦਫ਼ਤਰ ਕਰਨ ਲਈ ਬੇਨਤੀ ਕੀਤੀ ਗਈ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ ਅਤੇ ਉਹ ਉੱਤਰਦਾਤਾ ਵੱਲੋਂ ਦਿੱਤੀ ਗਈ ਸੂਚਨਾ ਤੋਂ ਸੰਤੁਸ਼ਟ ਨਹੀਂ ਹੈ। ਇਸ ਲਈ ਉਸ ਨੇ ਮੁਕੰਮਲ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਦੇ ਨੁਕਤਾ ਨੰ:1 ਅਤੇ 2 ਬਾਰੇ ਦਿੱਤੇ ਗਏ ਜਵਾਬ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖ਼ਸ ਪਾਇਆ ਗਿਆ ਹੈ ਪਰੰਤੂ ਕਮਿਸ਼ਨ ਨੁਕਤਾ ਨੰ:3 ਬਾਰੇ ਦਿੱਤੇ ਗਏ ਜਵਾਬ ਤੋਂ ਸੰਤੁਸ਼ਟ ਨਹੀਂ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਹ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ ਦੇ ਨੁਕਤਾ ਨੰ:3 ਬਾਰੇ ਸੂਚਨਾ ਅਪੀਲਕਰਤਾ ਨੂੰ ਮੁਹੱਈਆ ਕਰਵਾ ਕੇ ਕਮਿਸ਼ਨ ਨੂੰ ਵੀ ਸੂਚਿਤ ਕਰਨਾ ਯਕੀਨੀ ਬਣਾਇਆ ਜਾਵੇ। ਇਸ ਹਦਾਇਤ ਦੇ ਨਾਲ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 24 ਜੁਲਾਈ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**